ਆਸਾ ਮਹਲਾ ੫ ॥ ਹਰਿ ਸੇਵਾ ਮਹਿ ਪਰਮ ਨਿਧਾਨੁ ॥ ਹਰਿ ਸੇਵਾ ਮੁਖਿ ਅੰਮ੍ਰਿਤ ਨਾਮੁ ॥੧॥ ਹਰਿ ਮੇਰਾ ਸਾਥੀ ਸੰਗਿ ਸਖਾਈ ॥ ਦੁਖਿ ਸੁਖਿ ਸਿਮਰੀ ਤਹ ਮਉਜੂਦੁ ਜਮੁ ਬਪੁਰਾ ਮੋ ਕਉ ਕਹਾ ਡਰਾਈ ॥੧॥ ਰਹਾਉ ॥ ਹਰਿ ਮੇਰੀ ਓਟ ਮੈ ਹਰਿ ਕਾ ਤਾਣੁ ॥ ਹਰਿ ਮੇਰਾ ਸਖਾ ਮਨ ਮਾਹਿ ਦੀਬਾਣੁ ॥ ੨॥ ਹਰਿ ਮੇਰੀ ਪੂੰਜੀ ਮੇਰਾ ਹਰਿ ਵੇਸਾਹੁ ॥ ਗੁਰਮੁਖਿ ਧਨੁ ਖਟੀ ਹਰਿ ਮੇਰਾ ਸਾਹੁ ॥੩॥ ਗੁਰ ਕਿਰਪਾ ਤੇ ਇਹ ਮਤਿ ਆਵੈ ॥ ਜਨ ਨਾਨਕੁ ਹਰਿ ਕੈ ਅੰਕਿ ਸਮਾਵੈ ॥੪॥੧੬॥ {ਪੰਨਾ 375}

ਪਦਅਰਥ:- ਪਰਮ ਨਿਧਾਨੁ—ਸਭ ਤੋਂ ਉੱਚਾ (ਆਤਮਕ) ਖ਼ਜ਼ਾਨਾ {ਲਫ਼ਜ਼ 'ਨਿਧਾਨੁ' ਇਕ-ਵਚਨ ਹੈ}। ਮੁਖਿ—ਮੂੰਹ ਨਾਲ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ।1।

ਸੰਗਿ—ਨਾਲ। ਸਖਾਈ—ਮਿੱਤਰ। ਦੁਖਿ—ਦੁੱਖ ਵਿਚ, ਦੁੱਖ ਵੇਲੇ। ਸੁਖਿ—ਸੁਖ ਵਿਚ, ਸੁਖ ਵੇਲੇ। ਸਿਮਰੀ—ਸਿਮਰੀਂ, (ਜਦੋਂ) ਮੈਂ ਸਿਮਰਦਾ ਹਾਂ। ਤਹ—ਉਥੇ। ਬਪੁਰਾ—ਵਿਚਾਰਾ, ਨਿਮਾਣਾ।1। ਰਹਾਉ।

ਤਾਣੁ—ਬਲ, ਜ਼ੋਰ। ਮੈ—ਮੈਨੂੰ। ਦੀਬਾਣੁ—ਆਸਰਾ।2।

ਵੇਸਾਹੁ—ਇਤਬਾਰ, ਸਾਖ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਖਟੀ—ਖੱਟੀ, ਮੈਂ ਖੱਟਦਾ ਹਾਂ।3।

ਅਰਥ:- (ਹੇ ਭਾਈ!) ਪਰਮਾਤਮਾ ਮੇਰਾ ਸਾਥੀ ਹੈ ਮਿੱਤਰ ਹੈ। ਦੁੱਖ ਵੇਲੇ ਸੁਖ ਵੇਲੇ (ਜਦੋਂ ਭੀ) ਮੈਂ ਉਸ ਨੂੰ ਯਾਦ ਕਰਦਾ ਹਾਂ, ਉਹ ਉਥੇ ਹਾਜ਼ਰ ਹੁੰਦਾ ਹੈ। ਸੋ, ਵਿਚਾਰਾ ਜਮ ਮੈਨੂੰ ਕਿਥੇ ਡਰਾ ਸਕਦਾ ਹੈ?।1। ਰਹਾਉ।

(ਹੇ ਭਾਈ!) ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੂੰਹ ਨਾਲ ਉਚਾਰਨਾ—ਇਹ ਪਰਮਾਤਮਾ ਦੀ ਸੇਵਾ ਹੈ, ਤੇ, ਪਰਮਾਤਮਾ ਦੀ ਸੇਵਾ ਵਿਚ ਸਭ ਤੋਂ ਉੱਚਾ (ਆਤਮਕ ਜੀਵਨ ਦਾ) ਖ਼ਜ਼ਾਨਾ (ਲੁਕਿਆ ਪਿਆ ਹੈ)।1।

(ਹੇ ਭਾਈ!) ਪਰਮਾਤਮਾ ਹੀ ਮੇਰੀ ਓਟ ਹੈ, ਮੈਨੂੰ ਪਰਮਾਤਮਾ ਦਾ ਹੀ ਸਹਾਰਾ ਹੈ, ਪਰਮਾਤਮਾ ਮੇਰਾ ਮਿੱਤਰ ਹੈ, ਮੈਨੂੰ ਆਪਣੇ ਮਨ ਵਿਚ ਪਰਮਾਤਮਾ ਦਾ ਹੀ ਆਸਰਾ ਹੈ।2।

ਪਰਮਾਤਮਾ (ਦਾ ਨਾਮ ਹੀ) ਮੇਰੀ ਰਾਸਿ-ਪੂੰਜੀ ਹੈ, ਪਰਮਾਤਮਾ (ਦਾ ਨਾਮ ਹੀ) ਮੇਰੇ ਵਾਸਤੇ (ਆਤਮਕ ਜੀਵਨ ਦਾ ਵਪਾਰ ਕਰਨ ਲਈ) ਸਾਖ ਹੈ (ਇਤਬਾਰ ਦਾ ਵਸੀਲਾ ਹੈ)। ਗੁਰੂ ਦੀ ਸਰਨ ਪੈ ਕੇ ਮੈਂ ਨਾਮ-ਧਨ ਕਮਾ ਰਿਹਾ ਹਾਂ, ਪਰਮਾਤਮਾ ਹੀ ਮੇਰਾ ਸ਼ਾਹ ਹੈ (ਜੋ ਮੈਨੂੰ ਨਾਮ-ਧਨ ਦਾ ਸਰਮਾਇਆ ਦੇਂਦਾ ਹੈ)।3।

ਦਾਸ ਨਾਨਕ (ਆਖਦਾ ਹੈ ਕਿ ਜਿਸ ਮਨੁੱਖ ਨੂੰ) ਗੁਰੂ ਦੀ ਕਿਰਪਾ ਨਾਲ ਇਸ ਵਪਾਰ ਦੀ ਸਮਝ ਆ ਜਾਂਦੀ ਹੈ ਉਹ ਸਦਾ ਪਰਮਾਤਮਾ ਦੀ ਗੋਦ ਵਿਚ ਲੀਨ ਰਹਿੰਦਾ ਹੈ।4। 16।